ਪ੍ਰੈਸ ਨੋਟ

ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਮਹਾਰਾਜਾ ਰਣਜੀਤ ਸਿੰਘ ਕਾਲਜ, ਮਲੋਟ ਵਿਖੇ ਲਗਾਇਆ ਨਸ਼ਿਆ ਵਿਰੁੱਧ ਜਾਗਰੂਕਤਾ ਸੈਮੀਨਾਰ

ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ

ਨਸ਼ੇ ਦੇ ਸੌਦਾਗਰਾ ਨੂੰ ਕਿਸੇ ਵੀ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ :- ਸ. ਹਰਮਨਬੀਰ ਸਿੰਘ ਗਿੱਲ ਆਈ.ਪੀ.ਐਸ

ਸ੍ਰੀ ਮੁਕਤਸਰ ਸਾਹਿਬ, ਲੰਬੀ ( ) ਮਾਨਯੋਗ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੌਰਵ ਯਾਦਵ ਆਈ.ਪੀ.ਐਸ, ਡੀ.ਜੀ.ਪੀ ਪੰਜਾਬ ਜੀ ਵੱਲੋਂ ਸੂਬੇ ਅੰਦਰ ਚਲਾਈ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸ. ਹਰਮਨਬੀਰ ਸਿੰਘ ਗਿੱਲ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਵੱਲੋਂ ਜਿੱਥੇ ਨਸ਼ਾ ਤਸਕਰਾਂ ਨੂੰ ਫੜ ਕੇ ਉਨ੍ਹਾ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।ਉੱਥੇ ਹੀ ਪੁਲਿਸ ਵੱਲੋਂ ਜਾਗਰੂਕਤਾ ਸੈਮੀਨਾਰ ਆਯੋਜਿਤ ਕਰਕੇ ਲੋਕਾਂ ਨੂੰ ਅਤੇ ਸਕੂਲਾ ਕਾਲਜਾ ਦੇ ਵਿਦਿਆਰਥੀਆਂ ਨੂੰ ਨਸ਼ਿਆ ਦੇ ਮਾੜੇ ਪ੍ਰਭਾਵਾ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਇਸੇ ਤਹਿਤ ਹੀ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਮਹਾਰਾਜਾ ਰਣਜੀਤ ਸਿੰਘ ਕਾਲਜ, ਮਲੋਟ ਵਿਖੇ ਇੱਕ ਨਸ਼ਿਆ ਖਿਲਾਫ ਵਿਸ਼ੇਸ਼ ਸੈਮੀਨਾਰ ਆਯੋਜਿਤ ਕੀਤਾ ਗਿਆ।ਇਸ ਸੈਮੀਨਾਰ ਵਿੱਚ ਸ. ਰਮਨਦੀਪ ਸਿੰਘ ਭੁੱਲਰ ਐਸ.ਪੀ (ਡੀ), ਸ. ਫਤਿਹ ਸਿੰਘ ਬਰਾੜ ਡੀ.ਐਸ.ਪੀ ਮਲੋਟ, ਡਾ: ਸੁਨੀਲ ਬਾਂਸਲ ਸਿਵਲ ਸਰਜਨ ਮਲੋਟ, ਲਖਵਿੰਦਰ ਸਿੰਘ, ਰਜਿੰਦਰ ਸਿੰਘ ਸੇਖੋਂ ਪ੍ਰਿੰਸੀਪਲ ਅਤੇ ਸ. ਜਸਵੀਰ ਸਿੰਘ ਮੁੱਖ ਅਫਸਰ ਥਾਣਾ ਸਦਰ ਮਲੋਟ ਸਮੇਤ 500 ਦੇ ਕਰੀਬ ਵਿਦਿਆਰਥੀ ਹਾਜਰ ਸਨ।ਇਸ ਮੌਕੇ ਸਟੇਜ ਸੈਕਟਰੀ ਵਜੋ ਪ੍ਰੋਫੈਸਰ ਹਿਰਦੇਪਾਲ ਸਿੰਘ ਨੇ ਆਪਣੀ ਡਿਊਟੀ ਨਿਭਾਈ।ਅਵੇਅਰਨੈਸ ਟੀਮ ਦੇ ਏ.ਐਸ.ਆਈ ਗੁਰਜੰਟ ਸਿੰਘ ਤੇ ਸ.ਥ ਹਰਮੰਦਰ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਨਸ਼ਿਆ ਦੇ ਮਾੜੇ ਪ੍ਰਭਾਵਾ ਬਾਰੇ ਅਤੇ ਚੰਗੀ ਜਿੰਦਗੀ ਜਿਉਣ ਬਾਰੇ ਜਾਗਰੂਕ ਕੀਤਾ ਗਿਆ।ਇਸਦੇ ਨਾਲ ਹੀ ਏ.ਐਸ.ਆਈ ਨਾਇਬ ਸਿੰਘ ਵੱਲੋਂ ਧਾਰਮਿਕ ਅਤੇ ਨਸ਼ਿਆ ਖਿਲਾਫ ਗੀਤ ਗਾ ਕੇ ਨਸ਼ਿਆ ਤੋਂ ਦੂਰ ਰਹਿਣ ਲਈ ਅਪੀਲ ਕੀਤੀ ਗਈ। ਇਸ ਮੌਕੇ ਸ. ਰਮਨਦੀਪ ਸਿੰਘ ਭੁੱਲਰ ਐਸ.ਪੀ (ਡੀ) ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਜਿੰਦਗੀ ਨੂੰ ਵਧੀਆ ਢੰਗ ਦੇ ਨਾਲ ਜਿਉਣ ਦੇ ਲਈ ਚਾਰ ਤਰੀਕਿਆ ਦੀ ਵਰਤੋਂ ਜਰੂਰ ਕਰੋ ਜਿਸਤੇ ਪਹਿਲਾ ਉਹਨਾਂ ਨੇ ਦੱਸਿਆ ਕਿ ਵਿਦਿਆਰਥੀ ਨੂੰ ਕਿਸੇ ਚੰਗੇ ਅਤੇ ਵਧੀਆ ਸਖਸ਼ੀਅਤ ਦੇ ਚੰਗੇ ਕੰਮਾ ਨੂੰ ਆਪਣਾ ਕੇ ਇੱਕ ਵਧੀਆ ਜਿੰਦਗੀ ਨੂੰ ਜਿਉਣਾ ਚਾਹੀਦਾ ਹੈ ਅਤੇ ਉਹਨਾ ਨੇ ਕਿਹਾ ਕਿ ਕਿਸੇ ਟਾਰਗੇਟ ਨੂੰ ਮਿੱਥਣਾ ਚਾਹੀਦਾ ਹੈ ਅਤੇ ਉਸਨੂੰ ਹਾਸਲ ਕਰਨ ਲਈ ਆਪਣੀ ਪੂਰੀ ਮਿਹਨਤ ਲਗਾ ਦੇਣੀ ਚਾਹੀਦੀ ਹੈ।ਉਹਨਾਂ ਨੇ ਕਿਹਾ ਕਿ ਨਸ਼ਿਆ ਤੋਂ ਹਮੇਸ਼ਾ ਦੂਰ ਰਹਿਣਾ ਚਾਹੀਦਾ ਹੈ ਅਤੇ ਆਪ ਖੁੱਦ ਵਿਦਿਆਰਥੀ ਇਕੱਠੇ ਹੋ ਕੇ ਨਸ਼ੇ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਬਾਹਰ ਕੱਢਣਾ ਚਾਹੀਦਾ ਹੈ।

ਇਸ ਮੌਕੇ ਸ. ਹਰਮਨਬੀਰ ਸਿੰਘ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਨੇ ਸੰਬੋਧਨ ਕਰਦਿਆ ਕਿਹਾ ਕਿ ਨਸ਼ਾ ਕਰਨ ਦੇ ਨਾਲ ਜਿੱਥੇ ਮਾਨਸਿਕ ਬਿਮਾਰੀ ਦਾ ਸ਼ਿਕਾਰ ਹੋਣਾ ਪੈਂਦਾ ਹੈ ਉੱਥੇ ਹੀ ਆਰਥਿਕ ਪੱਖੋਂ ਵੀ ਕਮਜ਼ੋਰ ਹੁੰਦਾ ਹੈ।ਉਹਨਾਂ ਕਿਹਾ ਕਿ ਨਾਲ ਲੱਗਦੇ ਦੇਸ਼ਾਂ ਵੱਲੋਂ ਪਹਿਲਾ ਆਪਣੀ ਨੌਜਵਾਨ ਪੀੜੀ ਨੂੰ ਅੱਤਵਾਦ ਵਿੱਚ ਧੱਕਣ ਦੀ ਕੋਸ਼ਿਸ਼ ਕੀਤੀ ਗਈ ਫਿਰ ਇਸਦਾ ਬਹੁਤ ਵੱਡਾ ਨੁਕਸਾਨ ਝੱਲਣਾ ਪਿਆ ਹੁਣ ਬਾਹਰਲੇ ਦੇਸ਼ਾਂ ਵੱਲੋਂ ਨੌਜਵਾਨ ਪੀੜੀ ਨੂੰ ਖਤਮ ਕਰਨ ਲਈ ਇੱਕ ਨਸ਼ੇ ਦਾ ਆਸਰਾ ਲਿਆ ਜਾ ਰਿਹਾ

ਹੈ।ਜੋ ਸਾਡੀ ਨੌਜਵਾਨ ਪੀੜੀ ਨੂੰ ਖਤਮ ਕਰਨ ਦੀ ਤਾਂਘ ਵਿੱਚ ਹਨ।ਉਹਨਾਂ ਕਿਹਾ ਕਿ ਅਫਗਾਨਿਸਤਾਨ ਵਿੱਚ ਇੱਕ ਸਾਲ ਦੀ ਚਾਰ ਲੱਖ ਟਨ ਹੈਰੋਇਨ ਬਣਾਈ ਜਾਂਦੀ ਹੈ।ਜਿੱਥੇ ਕਿ ਪੰਜਾਬ ਵਿੱਚ 3600 ਕਿੱਲੋ ਦੇ ਕਰੀਬ ਹੈਰੋਇਨ ਹਰ ਸਾਲ ਉਹਨਾਂ ਵੱਲੋਂ ਕਿਸੇ ਨਾ ਕਿਸੇ ਤਰੀਕੇ ਜਿਵੇਂ ਕਿ ਡਰੋਨ ਰਾਹੀਂ, ਬੋਤਲਾਂ ਰਾਹੀਂ ਬਾਰਡਰ ਤੋਂ ਸਪਲਾਈ ਕੀਤੀ ਜਾਂਦੀ ਹੈ।ਜੇਕਰ ਆਪਣਾ ਨੌਜਵਾਨ ਇਸ ਨਸ਼ੇ ਤੋਂ ਸੁਚੇਤ ਹੋਵੇਗਾ ਤਾ ਹੀ ਆਪਾਂ ਬੱਚ ਸਕਦੇ ਹਾਂ।ਕਿਉਂਕਿ ਅਫਗਾਨਿਸਤਾਨ ਵਿੱਚ ਬਹੁਤ ਵੱਡੀ ਮਾਤਰਾ ਵਿੱਚ ਹੈਰੋਇਨ ਬਣਾਈ ਜਾਂਦੀ ਹੈ ਜਿਹਨਾਂ ਵਿੱਚੋਂ ਹਰ ਵਾਰ ਨਵੇਂ ਤਰੀਕਿਆ ਰਾਹੀਂ ਇਹ ਸਪਲਾਈ ਕਰਦੇ ਹਨ।ਉਹਨਾਂ ਨੇ ਦੱਸਿਆ ਕਿ ਨੌਜਵਾਨ ਪੀੜੀ ਨੂੰ ਨਸ਼ਿਆਂ ਨੂੰ ਛੱਡਕੇ ਖੇਡਾਂ ਵੱਲ ਮੁੱਖ ਕਰਨਾ ਚਾਹੀਦਾ ਹੈ ਕਿਉਂਕਿ ਚੰਗੇ ਖਿਡਾਰੀ ਬਣਨਾ ਵੀ ਇੱਕ ਬਹੁਤ ਵੱਡਾ ਨਸ਼ਾ ਹੈ।ਉਹਨਾਂ ਦੱਸਿਆ ਕਿ ਪੁਲਿਸ ਵੱਲੋਂ ਨਸ਼ੇ ਦੇ ਸੁਦਾਗਰਾਂ ਨੂੰ ਫੜਕੇ ਉਹਨਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।ਇਸ ਲਈ ਮੈਂ ਤੁਹਾਨੂੰ ਅਪੀਲ ਕਰਦਾ ਹਾ ਜੇਕਰ ਤੁਸੀ ਕਿਸੇ ਵੀ ਤਰ੍ਹਾ ਦੀ ਜਾਣਕਾਰੀ ਸਾਡੇ ਨਾਲ ਸਾਂਝੀ ਕਰਨਾ ਚਾਹੁੰਦੇ ਹੋ ਤਾ ਸਾਡੇ ਹੈਲਪਲਾਈਨ ਨੰਬਰ 80549-42100 ਤੇ ਸੰਪਰਕ ਕਰ ਸਕਦੇ ਹੋ।ਅਸੀ ਹਮੇਸ਼ਾ ਰਾਤ-ਦਿਨ ਤੁਹਾਡੇ ਨਾਲ ਖੜੇ ਹਾਂ।ਇਸ ਮੌਕੇ ਰਜਿੰਦਰ ਸਿੰਘ ਸੇਖੋਂ ਪ੍ਰਿੰਸੀਪਲ ਅਤੇ ਜਨਰਲ ਸੈਕਟਰੀ ਲਖਵਿੰਦਰ ਸਿੰਘ ਵੱਲੋਂ ਸਨਮਾਨ ਚਿੰਨ ਦੇ ਕੇ ਪੁਲਿਸ ਅਫਸਰਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਉਹਨਾਂ ਨੂੰ ਜੀ ਆਇਆ ਕਿਹਾ ਗਿਆ।ਇਸ ਮੌਕੇ ਪ੍ਰੋਫੈਸਰ ਸੁਖਦੀਪ ਕੌਰ, ਸੁਖਵਿੰਦਰ ਕੌਰ, ਨਵਪ੍ਰੀਤ ਕੌਰ, ਧਰਮਵੀਰ, ਰਮਨਦੀਪ ਕੌਰ, ਗੁਰਵਿੰਦਰ ਸਿੰਘ, ਗੁਰਜੀਤ ਸਿੰਘ, ਕੁਨਾਲ ਸਹਿਗਲ, ਸਰਬਜੀਤ ਕੌਰ, ਪਰਮਜੀਤ ਕੌਰ ਆਦਿ ਹਾਜਰ ਸਨ।